Vigilance Bureau Punjab

# Vigilance Bureau Registers Case Against Head Constable for Accepting Rs 25000 Bribe

Chandigarh, June 6, 2024 -

The Punjab Vigilance Bureau (VB), during its ongoing campaign against corruption in the state, has registered a corruption case against Manpreet Singh (386/SAS Nagar), Head Constable, posted at police station Gharuan, in SAS Nagar district for demanding and accepting a bribe of Rs 25000.

Disclosing this here today, an official spokesperson of the state VB said this case has been registered against the aforementioned police official, now posted at police station Balongi, based on an online complaint lodged by Baljinder Kaur on the Chief Minister's Anti-Corruption Action Line portal.

He further added that the complainant has informed in her complaint that she had got registered a police case in police station Gharuan and the said police personnel had demanded Rs 50,000 to expedite the investigation of this case and had already taken Rs 25,000.

The spokesperson informed that during the investigation of this complaint, it was proved that the said police official had taken the bribe of Rs 25000 from complainant for the aforementioned motive. Subsequently, a case under the Prevention of Corruption Act has been registered against the accused at the VB police station, flying squad-1, Punjab at SAS Nagar.

The accused head constable has been arrested and would be produced in the competent court tomorrow.

-------

ਵਿਜੀਲੈਂਸ ਬਿਊਰੋ ਪੰਜਾਬ

# ਵਿਜੀਲੈਂਸ ਬਿਊਰੋ ਵੱਲੋਂ 25000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਹੌਲਦਾਰ ਗ੍ਰਿਫਤਾਰ

ਚੰਡੀਗੜ੍ਹ, 6 ਜੂਨ, 2024 -

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਥਾਣਾ ਘੜੂੰਆਂ , ਐਸ.ਏ.ਐਸ. ਨਗਰ ਵਿਖੇ ਤਾਇਨਾਤ ਹੌਲਦਾਰ ਮਨਪ੍ਰੀਤ ਸਿੰਘ (386/ਐਸ.ਏ.ਐਸ. ਨਗਰ) ਵਿਰੁੱਧ 25000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਲਈ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ ਤੇ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ।

ਅੱਜ ਇੱਥੇ ਇਹ ਪ੍ਰਗਟਾਵਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਲਜਿੰਦਰ ਕੌਰ ਵੱਲੋਂ ਮੁੱਖ ਮੰਤਰੀ ਦੇ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ 'ਤੇ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ 'ਤੇ ਉਕਤ ਪੁਲਿਸ ਮੁਲਾਜ਼ਮ, ਜੋ ਹੁਣ ਥਾਣਾ ਬਲੌਂਗੀ ਵਿਖੇ ਤਾਇਨਾਤ ਹੈ, ਵਿਰੁੱਧ ਇਹ ਮੁਕੱਦਮਾ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਹੈ ਕਿ ਉਸਨੇ ਥਾਣਾ ਘੜੂੰਆਂ ਵਿਖੇ ਇੱਕ ਪੁਲਿਸ ਕੇਸ ਦਰਜ ਕਰਵਾਇਆ ਗਿਆ ਸੀ ਅਤੇ ਉਕਤ ਪੁਲਿਸ ਮੁਲਾਜ਼ਮ ਨੇ ਇਸ ਮਾਮਲੇ ਦੀ ਜਾਂਚ ਜਲਦ ਮੁਕੰਮਲ ਕਰਨ ਬਦਲੇ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਮੰਗ ਕੀਤੀ ਸੀ ਅਤੇ ਜਿਸ ਵਿੱਚੋਂ 25,000 ਰੁਪਏ ਉਹ ਪਹਿਲਾਂ ਹੀ ਲੈ ਚੁੱਕਾ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਸਿੱਧ ਹੋਇਆ ਕਿ ਉਕਤ ਪੁਲਿਸ ਹੌਲਦਾਰ ਨੇ ਸ਼ਿਕਾਇਤਕਰਤਾ ਪਾਸੋਂ ਉਕਤ ਮੰਤਵ ਲਈ 25000 ਰੁਪਏ ਰਿਸ਼ਵਤ ਲਈ ਸੀ। ਇਸ ਤੋਂ ਬਾਅਦ ਦੋਸ਼ੀ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਫਲਾਇੰਗ ਸਕੁਐਡ-1 ਪੰਜਾਬ, ਐਸ.ਏ.ਐਸ. ਨਗਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਮੁਲਜ਼ਮ ਹੌਲਦਾਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

------